# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :02-03-2026**

- ਕੇਂਦਰ ਸਰਕਾਰ ਨੇ ਈਰਾਨ 'ਤੇ ਇਜ਼ਰਾਈਲ ਅਤੇ ਅਮਰੀਕਾ ਦੇ ਹਮਲਿਆਂ ਦੇ ਮੱਦੇਨਜ਼ਰ, ਭਾਰਤ ਵਿੱਚ ਸੰਭਾਵੀ ਹਿੰਸਾ ਬਾਰੇ ਸੂਬਿਆਂ ਨੂੰ ਚੇਤਾਵਨੀ ਜਾਰੀ ਕੀਤੀ।
- ਮੱਧ ਪੂਰਬ ਵਿੱਚ ਵਧਦੇ ਤਣਾਅ ਦਰਮਿਆਨ, ਪੰਜਾਬ ਸਰਕਾਰ ਵਲੋਂ ਇੱਕ ਸਮਰਪਿਤ ਹੈਲਪਲਾਈਨ ਜਾਰੀ.।
- ਚੱਲ ਰਹੇ ਹੋਲਾ ਮਹੱਲਾ ਸਮਾਗਮਾਂ ਮੌਕੇ ਸੰਗਤ ਲਈ ਆਨੰਦਪੁਰ ਸਾਹਿਬ ਵਿਖੇ ਬਣਾਈ ਗਈ ਟੈਂਟ ਸਿਟੀ. ਇਸ ਸਾਲ ਮਨਾਇਆ ਜਾਵੇਗਾ ਗਰੀਨ ਹੋਲਾ ਮਹੱਲਾ।
- ਫਿਰੋਜਪੁਰ ‘ਚ ਦੂਸ਼ਿਤ ਪਾਣੀ ਪੀਣ ਨਾਲ ਬੀਮਾਰ ਹੋਏ ਲੋਕਾਂ ਦੀ ਹਾਲਤ ਸਥਿਰ. ਪ੍ਰਸ਼ਾਸਨ ਵਲੋਂ ਪੂਰੀ ਮਦਦ ਦਾ ਭਰੋਸਾ.।
- ‘ਯੁੱਧ ਨਸ਼ਿਆਂ ਵਿਰੁੱਧ` ਮੁਹਿੰਮ ਦਾ ਇਕ ਸਾਲ ਸਫ਼ਲਤਾ ਨਾਲ ਮੁਕੰਮਲ ਹੋ ਗਿਆ ਏ.51 ਹਜ਼ਾਰ 648 ਤਸ੍ਕਰ ਗਿਰਫਤਾਰ.।

-------------------------------------------------------

ਕੇਂਦਰ ਸਰਕਾਰ ਨੇ ਈਰਾਨ 'ਤੇ ਇਜ਼ਰਾਈਲ ਅਤੇ ਅਮਰੀਕਾ ਦੇ ਹਮਲਿਆਂ ਦੇ ਮੱਦੇਨਜ਼ਰ ਭਾਰਤ ਵਿੱਚ ਸੰਭਾਵੀ ਹਿੰਸਾ ਬਾਰੇ ਸੂਬਿਆਂ ਨੂੰ ਚੇਤਾਵਨੀ ਜਾਰੀ ਕੀਤੀ ਏ । ਹਲਕਿਆਂ ਮੁਤਾਬਿਕ, ਗ੍ਰਹਿ ਮੰਤਰਾਲੇ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਪੱਤਰ ਲਿਖ ਕੇ ਉਨ੍ਹਾਂ ਕੱਟੜਪੰਥੀ ਈਰਾਨ ਪੱਖੀ ਪ੍ਰਚਾਰਕਾਂ ਦੀ ਪਛਾਣ ਕਰਨ ਲਈ ਕਿਹਾ ਏ ਜੋ ਭੜਕਾਊ ਭਾਸ਼ਣ ਦੇ ਰਹੇ ਨੇ. ਪੱਤਰ ਵਿੱਚ ਅਮਨ - ਕਾਨੂੰਨ ਨੂੰ ਵਿਗੜਨ ਤੋਂ ਰੋਕਣ ਲਈ ਖੁਫੀਆ ਜਾਣਕਾਰੀ ਸਾਂਝੀ ਕਰਨ ਅਤੇ ਕਾਰਵਾਈ ਤੇਜ਼ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਗਿਆ ਏ । ਇਸ ਦੌਰਾਨ ਇਜ਼ਰਾਈਲ-ਈਰਾਨ ਟਕਰਾਅ ਕਾਰਨ ਫਸੇ ਭਾਰਤੀ ਨਾਗਰਿਕਾਂ ਦੇ ਮੁੱਦੇ ‘ਤੇ, ਕੇਂਦਰੀ ਮੰਤਰੀ ਕਿਰੇਨ ਰਿਜਿਜੂ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਉਨ੍ਹਾਂ ਦੇ ਬਚਾਅ ਅਤੇ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਤਨਦੇਹੀ ਨਾਲ ਕੰਮ ਕਰ ਰਹੀ ਏ । ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ, ਸ਼੍ਰੀ ਰਿਜਿਜੂ ਨੇ ਇਹ ਗੱਲ ਕਹੀ-

byte – RIJIJU – 22 sec

-----------------------------------------------------

ਮੱਧ ਪੂਰਬ ਦੇ ਕੁਝ ਹਿੱਸਿਆਂ ਵਿੱਚ ਵਧਦੇ ਟਕਰਾਅ ਦਰਮਿਆਨ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਓਥੇ ਫਸੇ ਪੰਜਾਬੀਆਂ ਦੇ ਦੁਖੀ ਪਰਿਵਾਰਾਂ ਨੂੰ ਪੂਰਨ ਸਹਾਇਤਾ ਅਤੇ ਸਹਿਯੋਗ ਦਾ ਭਰੋਸਾ ਦਿੱਤਾ ਏ. ਮੁੱਖ ਮੰਤਰੀ ਨੇ ਕਿਹਾ ਏ ਕਿ, "ਰਾਜ ਸਰਕਾਰ ਫਸੇ ਹੋਏ ਲੋਕਾਂ ਦੀ ਸੁਰੱਖਿਅਤ ਅਤੇ ਜਲਦ ਵਾਪਸੀ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਨਾਲ ਲਗਾਤਾਰ ਸੰਪਰਕ ਵਿੱਚ ਏ। ਅਰਬ ਦੇਸ਼ਾਂ ਵਿੱਚ ਟਕਰਾਅ ਦੇ ਫੈਲਣ ਕਾਰਨ, ਇਨ੍ਹਾਂ ਦੇਸ਼ਾਂ ਵਿੱਚ ਬਹੁਤ ਸਾਰੇ ਪੰਜਾਬੀ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਨੇ. ਉਨ੍ਹਾਂ ਨੇ ਮੁਸੀਬਤ ਵਿੱਚ ਫਸੇ ਲੋਕਾਂ ਦੀ ਪੂਰੀ ਮਦਦ ਦਾ ਭਰੋਸਾ ਦਿੱਤਾ ਅਤੇ ਐਲਾਨ ਕੀਤਾ ਕਿ ਚੰਡੀਗੜ੍ਹ ਵਿਚ ਇੱਕ ਸਮਰਪਿਤ ਹੈਲਪਲਾਈਨ ਅਤੇ ਕੰਟਰੋਲ ਰੂਮ ਕਾਇਮ ਕੀਤਾ ਗਿਆ ਏ ਜੋ ਕਿ 24 ਘੰਟੇ ਕੰਮ ਕਰਨਗੇ.

ਇਸ HELPLINE ਦੇ ਨੰਬਰ ਨੇ - 0-17-222-60-042, 0-17-222-60-043 ਨੰਬਰ ਇੱਕ ਵਾਰ ਫਿਰ ਸੁਣ ਲਓ 0-17-222-60-042, 0-17-222-60-043 WhatsApp 947-87- 79-112 'ਤੇ ਵੀ ਸੁਨੇਹਾ ਭੇਜਿਆ ਜਾ ਸਕਦਾ ਏ। WhatsApp ਨੰਬਰ ਇੱਕ ਵਾਰ ਫਿਰ ਸੁਨ ਲਓ 947-87- 79-112 ਖਾੜੀ ਦੇਸ਼ਾਂ ਵਿੱਚ ਫਸੇ

ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਪਰਿਵਾਰਾਂ ਨਾਲ ਇਕਜੁੱਟਤਾ ਪ੍ਰਗਟ ਕਰਦੇ ਹੋਏ, ਉਨ੍ਹਾਂ ਕਿਹਾ, "ਰਾਜ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਇਨ੍ਹਾਂ ਪਰਿਵਾਰਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਏ.। ਉਨ੍ਹਾਂ ਨੇ ਭਾਰਤ ਸਰਕਾਰ ਨੂੰ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਦੀ ਸੁਰੱਖਿਅਤ ਨਿਕਾਸੀ ਲਈ ਦਖਲ ਦੇਣ ਦੀ ਵੀ ਅਪੀਲ ਕੀਤੀ, ਤੇ ਉਮੀਦ ਜ਼ਾਹਿਰ ਕੀਤੀ ਕਿ ਕੇਂਦਰ ਸਰਕਾਰ ਜੰਗ ਪ੍ਰਭਾਵਿਤ ਖਾੜੀ ਖੇਤਰ ਵਿੱਚ ਫਸੇ ਸਾਰੇ ਲੋਕਾਂ ਦੀ ਮਦਦ ਲਈ ਜ਼ਰੂਰੀ ਕਦਮ ਚੁੱਕੇਗੀ।

-------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਨੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਚੱਲ ਰਹੇ ਹੋਲਾ ਮਹੱਲਾ ਸਬੰਧੀ ਸਮਾਗਮਾਂ ਮੌਕੇ ਸੰਗਤ ਲਈ ਬਣਾਈ ਗਈ ਸਥਾਈ ਟੈਂਟ ਸਿਟੀ ਸਮੇਤ ਨਿਰਵਿਘਨ ਧਾਰਮਿਕ ਦਰਸ਼ਨਾਂ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧਾਂ ਬਾਰੇ ਅੱਜ ਵਿਸਥਾਰ ਪੂਰਨ ਜਾਣਕਾਰੀ ਸਾਂਝੀ ਕੀਤੀ। ਅੱਜ ਚੰਡੀਗੜ੍ਹ'ਚ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼੍ਰੀ ਬੈਂਸ ਨੇ ਦੱਸਿਆ ਕਿ ਭਾਰਤ ਦੀ ਪਹਿਲੀ ਸਥਾਈ ਏਅਰ-ਕੰਡੀਸ਼ਨਡ ਟੈਂਟ ਸਿਟੀ ਅਤੇ ਗ੍ਰੀਨ ਹੋਲਾ ਮਹੱਲਾ ਸਮੇਤ ਕਈ ਅਹਿਮ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ ਕਿ, "ਪਿਛਲੇ ਸਾਲ ਇੱਕ ਅਸਥਾਈ ਢਾਂਚੇ

ਦੀ ਸਫਲਤਾ ਤੋਂ ਬਾਅਦ ਇੱਕ ਸਥਾਈ ਟੈਂਟ ਸਿਟੀ ਬਣਾਉਣ ਬਾਰੇ ਵਿਚਾਰ ਰੱਖਿਆ ਗਿਆ ਸੀ ਅਤੇ ਹੁਣ ਪਵਿੱਤਰ ਨਗਰੀ ਵਿਖੇ ਸਥਾਈ ਟੈਂਟ ਸਿਟੀ ਕਾਇਮ ਕੀਤੀ ਗਈ ਏ.। ਸਿੱਖਿਆ ਮੰਤਰੀ ਨੇ ਕਿਹਾ ਕਿ, "ਇਹ ਪੰਜਾਬ ਦੇ ਧਾਰਮਿਕ ਸੈਰ-ਸਪਾਟੇ ਲਈ ਇੱਕ ਇਤਿਹਾਸਕ ਪਲ ਏ । ਇਹ ਸਹੂਲਤ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਸਹੂਲਤ ਏ ਜੋ ਸਾਲ ਭਰ ਸੰਗਤ ਨੂੰ ਆਰਾਮਦਾਇਕ ਰਿਹਾਇਸ਼ ਦੇਵੇਗੀ। ਇਸ ਨਾਲ ਨਾ ਸਿਰਫ਼ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੰਗਤ ਨੂੰ ਸਹੂਲਤ ਹੋਵੇਗੀ ਸਗੋਂ ਸ੍ਰੀ ਅਨੰਦਪੁਰ ਸਾਹਿਬ ਦੀ ਸੈਰ-ਸਪਾਟਾ ਸੰਭਾਵਨਾ ਨੂੰ ਵੀ ਵੱਡਾ ਹੁਲਾਰਾ ਮਿਲੇਗਾ, ਜਿਸ ਨਾਲ ਇੱਥੇ ਆਉਣ ਵਾਲੀ ਸੰਗਤ ਨੂੰ ਬਿਹਤਰ ਅਨੁਭਵ ਮਿਲੇਗਾ।" ਮੰਤਰੀ ਨੇ ਇਹ ਵੀ ਕਿਹਾ ਕਿ ਇਸ ਸਾਲ ਗਰੀਨ ਹੋਲਾ ਮਹੱਲਾ ਮਨਾਇਆ ਜਾਵੇਗਾ । ਓਹਨਾਂ ਦੱਸਿਆ ਕਿ ਇੱਕੋ ਵਾਰ ਵਰਤੋਂ ਯੋਗ ਪਲਾਸਟਿਕ 'ਤੇ ਵਿਆਪਕ ਪਾਬੰਦੀ ਲਾਗੂ ਕੀਤੀ ਗਈ ਏ, ਪਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸਾਰੇ ਲੰਗਰ ਸਥਾਨਾਂ 'ਤੇ ਬਾਇਓ-ਡੀਗ੍ਰੇਡੇਬਲ ਵਿਕਲਪ ਪ੍ਰਦਾਨ ਕਰਨ ਦਾ ਸਾਰਾ ਖਰਚ ਕੀਤਾ ਜਾਵੇਗਾ। ਦੁਨੀਆਂ ਭਰ ਦੀ ਸਿੱਖ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂਘਰ ਦਰਸ਼ਨਾਂ ਲਈ ਆਉਣ ਦਾ ਸੱਦਾ ਦਿੰਦਿਆਂ ਉਨ੍ਹਾਂ ਦੱਸਿਆ ਕਿ ਪਵਿੱਤਰ ਨਗਰੀ ਸ੍ਰੀ ਅਨੰਦਪੁਰ ਸਾਹਿਬ ਨੂੰ ਲਾਈਟਾਂ ਨਾਲ ਵੱਡੇ ਪੱਧਰ ‘ਤੇ ਸਜਾਇਆ ਗਿਆ ਏ ਜੋ ਰਾਤ ਸਮੇਂ ਇਕ ਰੂਹਾਨੀ

ਅਨੁਭਵ ਪ੍ਰਦਾਨ ਕਰਦਾ ਏ। ਪੰਜਾਬ ਦੇ ਹਰ ਕੋਨੇ ਤੋਂ ਟਰੈਕਟਰਾਂ ਅਤੇ ਟਰਾਲੀਆਂ 'ਤੇ ਆਉਣ ਵਾਲੀ ਸੰਗਤ ਦੇ ਪ੍ਰਬੰਧ ਲਈ, ਰੂਪਨਗਰ ਜ਼ਿਲ੍ਹਾ ਪ੍ਰਸ਼ਾਸਨ ਨੇ 28 ਸਮਰਪਿਤ ਪਾਰਕਿੰਗ ਜ਼ੋਨ ਅਤੇ ਦੋ ਵਿਸ਼ੇਸ਼ 'ਟਰਾਲੀ ਸਿਟੀ' ਅਤੇ ਟਰਾਲੀ ਸਟ੍ਰੀਟ ਸਥਾਪਤ ਕੀਤੀਆਂ ਨੇ. ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਕਿਲ੍ਹਾ ਅਨੰਦਗੜ੍ਹ ਸਾਹਿਬ ਵਰਗੇ ਪ੍ਰਮੁੱਖ ਧਾਰਮਿਕ ਸਥਾਨਾਂ 'ਤੇ ਸੰਗਤਾਂ ਨੂੰ ਲਿਜਾਣ ਲਈ 100 ਈ-ਰਿਕਸ਼ਾ ਸ਼ਟਲ ਸੇਵਾਵਾਂ ਚਲਾਈਆਂ ਜਾਣਗੀਆਂ ਤਾਂ ਜੋ ਹੋਲਾ ਮਹੱਲਾ ਦੌਰਾਨ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਇਆ ਜਾ ਸਕੇ। ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਅੱਜ ਅਤੇ ਭਲਕੇ ਵਿਰਾਸਤ-ਏ-ਖਾਲਸਾ ਵਿਖੇ ਸ਼ਾਮ ਵੇਲੇ ਅਸਮਾਨ ਵਿੱਚ ਆਤਿਸ਼ਬਾਜ਼ੀ ਦੀ ਸ਼ਾਨਦਾਰ ਪੇਸ਼ਾਕਾਰੀ ਦਿਖਾਈ ਜਾਵੇਗੀ, ਸ੍ਰੀ  ਹਰਜੋਤ ਸਿੰਘ ਬੈਂਸ ਨੇ ਇਸ ਇਤਿਹਾਸਕ ਜਸ਼ਨ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਮਹੀਨਿਆਂ ਦੀ ਤਿਆਰੀ ਅਤੇ ਸਖ਼ਤ ਮਿਹਨਤ ਲਈ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

---------------------------------------------------------

ਫ਼ਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਵੱਲੋਂ ਅੱਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਪਹੁੰਚ ਕੇ ਪਿੰਡ ਹਜ਼ਾਰਾ ਸਿੰਘ ਵਾਲਾ ਦੇ ਦੂਸ਼ਿਤ ਪਾਣੀ ਕਾਰਨ ਬੀਮਾਰ ਹੋਏ ਮਰੀਜ਼ਾਂ ਦਾ ਹਾਲ-ਚਾਲ ਜਾਣਿਆ ਗਿਆ। ਇਸ ਦੌਰਾਨ ਉਨ੍ਹਾਂ ਨਾਲ ਐਸ.ਡੀ.ਐਮ. ਲਿੰਦਿਯਾ ਅਤੇ ਸਿਵਲ

ਸਰਜਨ ਰਾਜੀਵ ਪਰਾਸ਼ਰ ਵੀ ਮੌਜੂਦ ਰਹੇ। ਇਸ ਮੌਕੇ ਡਿਪਟੀ ਕਮਿਸ਼ਨ ਨੇ ਦੱਸਿਆ ਕਿ ਮਰੀਜ਼ਾਂ ਦੀ ਹਾਲਤ ਹੁਣ ਸਥਿਰ ਏ । ਉਨ੍ਹਾਂ ਡਾਕਟਰਾਂ ਨਾਲ ਵਿਸਥਾਰ ਨਾਲ ਗੱਲਬਾਤ ਕਰਕੇ ਮਰੀਜ਼ਾਂ ਦੇ ਇਲਾਜ ਸੰਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਸਿਹਤ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਇਲਾਜ ਵਿੱਚ ਕੋਈ ਵੀ ਕਮੀ ਨਾ ਰਹਿਣ ਦਿੱਤੀ ਜਾਵੇ- byte – DC – 36 sec

ਡਿਪਟੀ ਕਮਿਸ਼ਨਰ ਨੇ ਮਰੀਜ਼ਾਂ ਨੂੰ ਹਰ ਸੰਭਵ ਸਹਾਇਤਾ ਅਤੇ ਜ਼ਰੂਰੀ ਦਵਾਈਆਂ ਉਪਲਬਧ ਕਰਵਾਉਣ ਦੇ ਨਿਰਦੇਸ਼ ਵੀ ਦਿੱਤੇ। ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਦਿੰਦਿਆਂ ਕਿਹਾ ਕਿ ਸਥਿਤੀ 'ਤੇ ਨਿਰੰਤਰ ਨਜ਼ਰ ਬਣਾਈ ਰੱਖੀ ਜਾਵੇ ਅਤੇ ਲੋਕਾਂ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਸੁਚੱਜੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ। ਪੀਣ ਵਾਲੇ ਪਾਣੀ ਦੇ ਵੀ ਨਮੂਨੇ ਵੀ ਦੁਬਾਰਾ ਲਏ ਗਏ ਨੇ ਅਤੇ ਐਸ.ਈ. ਅਤੇ ਐਕਸ.ਈ.ਐਨ. ਪੰਚਾਇਤੀ ਰਾਜ ਨੂੰ ਪਿੰਡ ਵਾਸੀਆਂ ਨੂੰ ਸਾਫ਼ ਪੀਣ ਵਾਲਾ ਵਾਲਾ ਪਾਣੀ ਉਪਲੱਬਧ ਕਰਵਾਉਣ ਲਈ ਨਿਰਦੇਸ਼ ਦਿੱਤੇ ਗਏ ਨੇ. ਇਸ ਤੋਂ ਇਲਾਵਾ ਪਿੰਡ ਵਿਚ ਲੋਕਾਂ ਦੀ ਮੈਡੀਕਲ ਸਹੂਲਤਾਂ ਲਈ ਮੈਡੀਕਲ ਕੈਂਪ ਲਗਾਇਆ ਹੋਇਆ ਏ ਜਿੱਥੇ ਮਾਹਿਰ ਡਾਕਟਰ ਉਨ੍ਹਾਂ ਦੀ ਸਹਾਇਤਾ ਲਈ ਉਪਲੱਬਧ ਨੇ.

-----------------------------------------------------

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਇਕ ਸਾਲ ਸਫ਼ਲਤਾ ਨਾਲ ਮੁਕੰਮਲ ਹੋ ਗਿਆ ਏ. ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਇਸ ਮੁਹਿੰਮ ਦਾ ਇਕ ਸਾਲ ਸਫ਼ਲਤਾ ਨਾਲ ਪੂਰਾ ਹੋਣ 'ਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਇਸ ਨੂੰ ਪੰਜਾਬ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਮੁਕਤ ਕਰਨ ਲਈ ਫੈਸਲਾਕੁੰਨ ਤੇ ਬੇਮਿਸਾਲ ਮੁਹਿੰਮ ਐਲਾਨਿਆ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਇਸ ਜਨ ਅੰਦੋਲਨ ਦੀ ਪਹਿਲੀ ਵਰ੍ਹੇਗੰਢ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮੁਹਿੰਮ ਨੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਲੜਾਈ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਏ, ਜਿਸ ਨਾਲ ਨਸ਼ਾ ਸਪਲਾਈ ਦੇ ਨੈੱਟਵਰਕ ਨੂੰ ਸਖ਼ਤੀ ਨਾਲ ਖ਼ਤਮ ਕੀਤਾ ਗਿਆ ਏ । ਇਕ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਪੰਜਾਬ ਵਿੱਚ ਡਰੱਗ ਨੈੱਟਵਰਕ ਵਿਰੁੱਧ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਰਹੀ ਏ ।

-----------------------------------------------------

- ਕੇਂਦਰ ਸਰਕਾਰ ਨੇ ਈਰਾਨ 'ਤੇ ਇਜ਼ਰਾਈਲ ਅਤੇ ਅਮਰੀਕਾ ਦੇ ਹਮਲਿਆਂ ਦੇ ਮੱਦੇਨਜ਼ਰ, ਭਾਰਤ ਵਿੱਚ ਸੰਭਾਵੀ ਹਿੰਸਾ ਬਾਰੇ ਸੂਬਿਆਂ ਨੂੰ ਚੇਤਾਵਨੀ ਜਾਰੀ ਕੀਤੀ ।

- ਮੱਧ ਪੂਰਬ ਵਿੱਚ ਵਧਦੇ ਤਣਾਅ ਦਰਮਿਆਨ, ਪੰਜਾਬ ਸਰਕਾਰ ਵਲੋਂ ਇੱਕ ਸਮਰਪਿਤ ਹੈਲਪਲਾਈਨ ਜਾਰੀ.|
- ਚੱਲ ਰਹੇ ਹੋਲਾ ਮਹੱਲਾ ਸਮਾਗਮਾਂ ਮੌਕੇ ਸੰਗਤ ਲਈ ਆਨੰਦਪੁਰ ਸਾਹਿਬ ਵਿਖੇ ਬਣਾਈ ਗਈ ਟੈਂਟ ਸਿਟੀ. ਇਸ ਸਾਲ ਮਨਾਇਆ ਜਾਵੇਗਾ ਗਰੀਨ ਹੋਲਾ ਮਹੱਲਾ।
- ਫਿਰੋਜਪੁਰ 'ਚ ਦੂਸ਼ਿਤ ਪਾਣੀ ਪੀਣ ਨਾਲ ਬੀਮਾਰ ਹੋਏ ਲੋਕਾਂ ਦੀ ਹਾਲਤ ਸਥਿਰ. ਪ੍ਰਸ਼ਾਸਨ ਵਲੋਂ ਪੂਰੀ ਮਦਦ ਦਾ ਭਰੋਸਾ.|
- 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਇਕ ਸਾਲ ਸਫ਼ਲਤਾ ਨਾਲ ਮੁਕੰਮਲ ਹੋ ਗਿਆ ਏ.51 ਹਜ਼ਾਰ 648 ਤਸ੍ਕਰ ਗਿਰਫਤਾਰ.|

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ

ਸਾਡਾ ਅਗਲਾ ਰਾਸ਼ਟਰੀ ਬੁਲੇਟਿਨ

ਸ਼ਾਮ ਸਾਢੇ 7 ਵਜੇ ਹੋਏਗਾ

ਨਮਸ੍ਕਾਰ